futuretopper.in

Series SRQPE/C

SET~3

Q.P. Code 440/6/3

Roll No. | | | | | | | | |

Candidates must write the Q.P. Code on the title page of the answer-book.

	ਨੋਟ		NOTE
(I)	ਕਿਰਪਾ ਕਰਕੇ ਜਾਂਚ ਕਰ ਲਵੋ ਕਿ ਇਸ ਪ੍ਰਸ਼ਨ ਪੱਤਰ ਵਿਚ ਛਪੇ ਹੋਏ **7** ਪੰਨੇ ਹਨ ।	(I)	*Please check that this question paper contains **7** printed pages.*
(II)	ਪ੍ਰਸ਼ਨ ਪੱਤਰ ਵਿਚ ਸੱਜੇ ਹੱਥ ਦੇ ਵਲ ਦਿੱਤੇ ਗਏ ਪ੍ਰਸ਼ਨ ਪੱਤਰ ਕੋਡ ਨੂੰ ਪ੍ਰੀਖਿਆਰਥੀ ਉੱਤਰ ਪੁਸਤਿਕਾ ਦੇ ਮੁੱਖ ਪੰਨੇ ਉਪਰ ਲਿਖਣ ।	(II)	*Q.P. Code given on the right hand side of the question paper should be written on the title page of the answer-book by the candidate.*
(III)	ਕਿਰਪਾ ਕਰਕੇ ਜਾਂਚ ਕਰ ਲਵੋ ਕਿ ਇਸ ਪ੍ਰਸ਼ਨ ਪੱਤਰ ਵਿਚ **14** ਪ੍ਰਸ਼ਨ ਹਨ ।	(III)	*Please check that this question paper contains **14** questions.*
(IV)	ਕਿਰਪਾ ਕਰਕੇ ਪ੍ਰਸ਼ਨ ਦਾ ਉੱਤਰ ਲਿਖਣਾ ਸ਼ੁਰੂ ਕਰਨ ਤੋਂ ਪਹਿਲਾਂ, ਉੱਤਰ ਪੁਸਤਿਕਾ ਵਿਚ ਪ੍ਰਸ਼ਨ ਦਾ ਕ੍ਰਮਾਂਕ (ਸੀਰਿਅਲ ਨੰਬਰ) ਜ਼ਰੂਰ ਲਿੱਖੋ ।	(IV)	***Please write down the serial number of the question in the answer-book before attempting it.***
(V)	ਇਸ ਪ੍ਰਸ਼ਨ ਪੱਤਰ ਨੂੰ ਪੜ੍ਹਨ ਦੇ ਲਈ 15 ਮਿੰਟ ਦਾ ਸਮਾਂ ਦਿੱਤਾ ਗਿਆ ਹੈ । ਪ੍ਰਸ਼ਨ ਪੱਤਰ ਸਵੇਰੇ 10.15 ਵਜੇ ਵੰਡੇ ਜਾਣਗੇ । 10.15 ਵਜੇ ਤੋਂ 10.30 ਵਜੇ ਤਕ ਪ੍ਰੀਖਿਆਰਥੀ ਕੇਵਲ ਪ੍ਰਸ਼ਨ ਪੱਤਰ ਨੂੰ ਪੜ੍ਹਨਗੇ ਅਤੇ ਇਸ ਸਮੇ ਵਿਚ ਉਹ ਉੱਤਰ ਪੁਸਤਿਕਾ ਵਿਚ ਕੋਈ ਉੱਤਰ ਨਹੀ ਲਿਖਣਗੇ ।	(V)	*15 minute time has been allotted to read this question paper. The question paper will be distributed at 10.15 a.m. From 10.15 a.m. to 10.30 a.m., the students will read the question paper only and will not write any answer on the answer-book during this period.*

ਗਣਿਤ (ਬੁਨਿਯਾਦੀ)

(ਪੰਜਾਬੀ ਉਲਥਾ)

MATHEMATICS (BASIC)

(Punjabi Version)

ਸਮਾਂ ਸੀਮਾਂ : 2 ਘੰਟੇ | ਪੂਰਨ ਅੰਕ : 40

Time allowed : 2 hours | *Maximum Marks : 40*

Official CBSE question paper from cbse.gov.in | futuretopper.in
futuretopper.in is not linked to or endorsed by CBSE

futuretopper.in

ਵਿਆਪਕ ਨਿਰਦੇਸ਼ :

ਹੇਠ ਲਿੱਖੇ ਨਿਰਦੇਸ਼ਾਂ ਨੂੰ ਬਹੁਤ ਧਿਆਨ ਨਾਲ ਪੜ੍ਹੋ ਅਤੇ ਉਨ੍ਹਾਂ ਦੀ ਸਖਤੀ ਨਾਲ ਪਾਲਨ ਕਰੋ :

(i) *ਇਸ ਪ੍ਰਸ਼ਨ ਪੱਤਰ ਵਿਚ ਕੁੱਲ* ***14*** *ਪ੍ਰਸ਼ਨ ਹਨ ।* ***ਸਾਰੇ*** *ਪ੍ਰਸ਼ਨ ਜ਼ਰੂਰੀ ਹਨ ।*

(ii) *ਇਹ ਪ੍ਰਸ਼ਨ ਪੱਤਰ* ***ਤਿੰਨ*** *ਖੰਡਾਂ ਵਿਚ ਵੰਡਿਆ ਗਿਆ ਹੈ –* ***ਖੰਡ ਕ, ਖ*** *ਅਤੇ* ***ਗ*** *।*

(iii) ***ਖੰਡ ਕ*** *ਵਿਚ* ***6*** *ਪ੍ਰਸ਼ਨ (ਪ੍ਰ.ਸੰ.* ***1*** *ਤੋਂ* ***6*** *) ਹਨ, ਜਿਨ੍ਹਾਂ ਵਿਚ ਹਰ ਇਕ ਪ੍ਰਸ਼ਨ* ***2*** *ਅੰਕ ਦਾ ਹੈ ।* ***ਦੋ*** *ਪ੍ਰਸ਼ਨਾਂ ਵਿਚ ਅੰਦਰੂਨੀ ਵਿਕਲਪ ਦਿਤਾ ਗਿਆ ਹੈ ।*

(iv) ***ਖੰਡ ਖ*** *ਵਿਚ* ***4*** *ਪ੍ਰਸ਼ਨ (ਪ੍ਰ.ਸੰ.* ***7*** *ਤੋਂ* ***10*** *) ਹਨ, ਜਿਨ੍ਹਾਂ ਵਿਚ ਹਰ ਇਕ ਪ੍ਰਸ਼ਨ* ***3*** *ਅੰਕ ਦਾ ਹੈ ।* ***ਇਕ*** *ਪ੍ਰਸ਼ਨ ਵਿਚ ਅੰਦਰੂਨੀ ਵਿਕਲਪ ਦਿਤਾ ਗਿਆ ਹੈ ।*

(v) ***ਖੰਡ ਗ*** *ਵਿਚ* ***4*** *ਪ੍ਰਸ਼ਨ (ਪ੍ਰ.ਸੰ.* ***11*** *ਤੋਂ* ***14*** *) ਹਨ, ਜਿਨ੍ਹਾਂ ਵਿਚ ਹਰ ਇਕ ਪ੍ਰਸ਼ਨ* ***4*** *ਅੰਕ ਦਾ ਹੈ ।* ***ਇਕ*** *ਪ੍ਰਸ਼ਨ ਵਿਚ ਅੰਦਰੂਨੀ ਵਿਕਲਪ ਦਿਤਾ ਗਿਆ ਹੈ । ਇਸ ਖੰਡ ਵਿਚ ਦੋ ਪ੍ਰਕਰਣ ਅਧਿਐਨ ਅਧਾਰਿਤ ਪ੍ਰਸ਼ਨ ਵੀ ਸ਼ਾਮਿਲ ਹਨ ।*

(vi) *ਕੈਲਕੁਲੇਟਰ ਦੀ ਵਰਤੋਂ ਦੀ ਇਜ਼ਾਜ਼ਤ* ***ਨਹੀਂ*** *ਹੈ ।*

ਖੰਡ ਕ

ਪ੍ਰਸ਼ਨ ਸੰਖਿਆ ***1*** *ਤੋਂ* ***6*** *ਤਕ ਹਰ ਇਕ ਪ੍ਰਸ਼ਨ ਦੇ* ***2*** *ਅੰਕ ਹਨ ।*

1. (a) ਜੇਕਰ ਇਕ ਅੰਕਗਣਿਤਿਕ ਲੜੀ ਦਾ ਪਹਿਲਾ ਪਦ 5, nਵਾਂ ਪਦ 40 ਅਤੇ ਪਹਿਲੇ n ਪਦਾਂ ਦਾ ਜੋੜ 180 ਹੋਵੇ, ਤਾਂ n ਦਾ ਮਾਨ ਪਤਾ ਕਰੋ । *2*

ਜਾਂ

(b) ਅੰਕਗਣਿਤਿਕ ਲੜੀ ਦਾ 20ਵਾਂ ਪਦ ਪਤਾ ਕਰੋ ਜਿਸਦਾ 7ਵਾਂ ਪਦ, 11ਵੇਂ ਪਦ ਤੋਂ 24 ਘਟ ਹੈ, ਅਤੇ ਪਹਿਲਾ ਪਦ 12 ਹੈ । *2*

Official CBSE question paper from cbse.gov.in | futuretopper.in
futuretopper.in is not linked to or endorsed by CBSE

futuretopper.in

2. (a) y ਦੇ ਲਈ ਹਲ ਕਰੋ : *2*

$$9y^2 - 64 = 0$$


ਜਾਂ

(b) ਦੋਘਾਤੀ ਸਮੀਕਰਣ ਲਿਖੋ ਜਿਸ ਦੇ ਮੂਲ -7 ਅਤੇ 9 ਹਨ । *2*

3. ਹੇਠ ਦਿਤੀ ਵੰਡ ਵਿਚ ਬਹੁਲਕ (modal) ਵਰਗ ਦੀ ਹੇਠਲੀ ਸੀਮਾ ਅਤੇ ਮੱਧਕਾ (median) ਵਰਗ ਦੀ ਉਪਰਲੀ ਸੀਮਾ ਦਾ ਜੋੜ ਪਤਾ ਕਰੋ : *2*

ਵਰਗ ਅੰਤਰਾਲ	0 – 5	5 – 10	10 – 15	15 – 20	20 – 25
ਬਾਰੰਬਾਰਤਾ	2	9	6	7	1

4. ਚਿੱਤਰ 1 ਵਿਚ, PQ ਅਤੇ PR ਚੱਕਰ ਉਪਰ ਸਪਰਸ਼ ਰੇਖਾਵਾਂ ਹਨ ਜਿਨ੍ਹਾਂ ਵਿਚ $\angle QOP = 70°$ ਹੈ । $\angle QPR$ ਦਾ ਮਾਨ ਪਤਾ ਕਰੋ । *2*



ਚਿੱਤਰ 1

5. ਜੇਕਰ ਹੇਠ ਦਿਤੀ ਬਾਰੰਬਾਰਤਾ ਵੰਡ ਦਾ ਮੱਧਮਾਨ (mean) 24 ਹੋਵੇ, ਤਾਂ ਲੁਪਤ ਬਾਰੰਬਾਰਤਾ 'k' ਪਤਾ ਕਰੋ : *2*

ਅੰਕ	0 – 10	10 – 20	20 – 30	30 – 40	40 – 50
ਵਿਦਿਆਰਥੀਆਂ ਦੀ ਗਿਣਤੀ	15	20	35	k	10

Official CBSE question paper from cbse.gov.in | futuretopper.in
futuretopper.in is not linked to or endorsed by CBSE

futuretopper.in

6. ਜੇਕਰ $\frac{4}{5}$, k, 2 ਇਕ ਅੰਕਗਣਿਤਿਕ ਲੜੀ (A.P.) ਦੇ ਤਿੰਨ ਲਗਾਤਾਰ ਪਦ ਹਨ, ਤਾਂ k ਦਾ ਮਾਨ ਪਤਾ ਕਰੋ । *2*

ਖੰਡ ਖ

*ਪ੍ਰਸ਼ਨ ਸੰਖਿਆ **7** ਤੋਂ **10** ਤਕ ਹਰ ਇਕ ਪ੍ਰਸ਼ਨ ਦੇ **3** ਅੰਕ ਹਨ ।*

7. 4 ਸੈ.ਮੀ. ਅਰਧ ਵਿਆਸ ਦੇ ਇਕ ਚੱਕਰ ਦੇ ਕੇਂਦਰ ਤੋਂ 6 ਸੈ.ਮੀ. ਦੂਰੀ ਤੇ ਸਥਿਤ ਇਕ ਬਿੰਦੂ ਤੋਂ, ਸਪਰਸ਼ ਰੇਖਾਵਾਂ ਦੇ ਜੋੜੇ ਦੀ ਰਚਨਾ ਕਰੋ । *3*

8. (a) 1 ਸੈ.ਮੀ. ਵਿਆਸ ਵਾਲੀ 8 ਸੈ.ਮੀ. ਲੰਬੀ ਤਾਂਬੇ ਦੀ ਇਕ ਠੋਸ ਡੰਡੀ ਨੂੰ ਇਕੋ ਜਹੀ ਮੋਟਾਈ ਵਾਲੀ 18 ਸੈ.ਮੀ. ਲੰਬੀ ਇਕ ਤਾਰ ਦੇ ਰੂਪ ਵਿਚ ਖਿਚਿਆ ਗਿਆ ਹੈ (ਬਦਲਾਇਆ ਗਿਆ ਹੈ) । ਤਾਰ ਦੀ ਮੋਟਾਈ ਪਤਾ ਕਰੋ । *3*

ਜਾਂ

(b) ਕਰਮਵਾਰ 6 ਸੈ.ਮੀ., 8 ਸੈ.ਮੀ. ਅਤੇ 10 ਸੈ.ਮੀ. ਅਰਧ ਵਿਆਸ ਵਾਲੇ ਧਾਤ ਦੇ ਤਿੰਨ ਗੋਲਿਆਂ ਨੂੰ ਪਿਘਲਾ ਕੇ ਇਕ ਵੱਡਾ ਠੋਸ ਗੋਲਾ ਬਣਾਇਆ ਜਾਂਦਾ ਹੈ । ਇਸ ਗੋਲੇ ਦਾ ਅਰਧ ਵਿਆਸ ਪਤਾ ਕਰੋ । *3*

9. ਤਿੰਨ ਘਣਾਂ (cubes), ਜਿਨ੍ਹਾਂ ਵਿਚੋਂ ਹਰ ਇਕ ਦਾ ਘਣਫਲ (ਆਇਤਨ) 216 ਸੈ.ਮੀ.^{3} ਹੈ, ਦੇ ਨਾਲ ਲਗਦੇ ਸਿਰਿਆਂ ਨੂੰ ਮਿਲਾਕੇ ਇਕ ਘਣਾਵ (cuboid) ਬਣਾਇਆ ਗਿਆ ਹੈ । ਇਸ ਤਰਾਂ ਬਣਨ ਵਾਲੇ ਘਣਾਵ ਦਾ ਕੁਲ ਸਤਹੀ ਖੇਤਰਫਲ ਪਤਾ ਕਰੋ । *3*

10. ਇਕ ਦੀਵਾਰ ਨਾਲ ਲਗੀ ਹੋਈ ਇਕ ਪੌੜੀ ਦਾ ਉਚਾਣ ਕੋਣ 60° ਹੈ ਅਤੇ ਇਸ ਪੌੜੀ ਦਾ ਪੈਰ (ਹੇਠਲਾ ਸਿਰਾ) ਦੀਵਾਰ ਤੋਂ 9·5 ਮੀ. ਦੂਰ ਹੈ । ਪੌੜੀ ਦੀ ਲੰਬਾਈ ਪਤਾ ਕਰੋ । *3*

Official CBSE question paper from cbse.gov.in | futuretopper.in
futuretopper.in is not linked to or endorsed by CBSE

futuretopper.in

ਖੰਡ ਗ


*ਪ੍ਰਸ਼ਨ ਸੰਖਿਆ **11** ਤੋਂ **14** ਤਕ ਹਰ ਇਕ ਪ੍ਰਸ਼ਨ ਦੇ **4** ਅੰਕ ਹਨ ।*

11. ਧਰਤੀ ਉਪਰਲੇ ਇਕ ਬਿੰਦੂ ਤੋਂ 20 ਮੀ. ਉਚੀ ਬਿਲਡਿੰਗ ਦੇ ਸਿਖਰ ਉਪਰ ਇਕ ਟਰਾਂਸਮਿਸ਼ਨ ਟਾਵਰ ਦੇ ਹੇਠਲੇ ਤਲ ਅਤੇ ਸਿਖਰ ਦੇ ਉਚਾਣ ਕੋਣ ਕਰਮਵਾਰ $45°$ ਅਤੇ $60°$ ਹਨ । ਟਾਵਰ ਦੀ ਉਚਾਈ ਪਤਾ ਕਰੋ । *4*

12. (a) ਸਿਧ ਕਰੋ ਕਿ ਕਿਸੇ ਚੱਕਰ ਦੇ ਪਰਿਗਤ (ਬਾਹਰ ਛੂੰਹਦੀ) ਸਮਾਂਤਰ ਚਤੁਰਭੁਜ ਸਮਚਤੁਰਭੁਜ ਹੁੰਦਾ ਹੈ । *4*

ਜਾਂ

(b) ਚਿੱਤਰ 2 ਵਿਚ, ਇਕ ਚੱਕਰ ਦੇ ਪਰਿਗਤ (ਬਾਹਰ ਛੂੰਹਦੀ) ਇਕ ਚਤੁਰਭੁਜ ABCD ਬਣਾਈ ਗਈ ਹੈ । ਸਿੱਧ ਕਰੋ ਕਿ : $AB + CD = AD + BC$. *4*




ਚਿੱਤਰ 2

Official CBSE question paper from cbse.gov.in | futuretopper.in
futuretopper.in is not linked to or endorsed by CBSE

ਪ੍ਰਕਰਣ ਅਧਿਐਨ 1

13. ਰਮੇਸ਼, ਇਕ ਕਿਸਾਨ, 1500 ਵਰਗ ਮੀਟਰ ਖੇਤਰਫਲ ਦੇ ਆਪਣੇ ਆਇਤਾਕਾਰ ਖੇਤ ਨੂੰ ਵਾੜ ਲਗਵਾਣਾ ਚਾਹੁੰਦਾ ਹੈ । ਇਸ ਖੇਤ ਦੀ ਲੰਬਾਈ ਇਕ ਸਿੱਧੀ ਨਦੀ (ਦਰਿਆਂ) ਦੇ ਕੰਢੇ (ਕਿਨਾਰੇ) ਦੇ ਨਾਲ ਸਥਿਤ ਹੈ । ਵਾੜ ਲਗਾਣ ਦੇ ਲਈ 110 ਮੀਟਰ ਲੰਬਾਈ ਦੇ ਤਾਰ ਦੀ ਲੋੜ ਹੁੰਦੀ ਹੈ, ਇਹ ਮੰਨਦੇ ਹੋਏ ਕਿ ਨਦੀ ਦੇ ਕੰਢੇ (ਕਿਨਾਰੇ), ਖੇਤ ਦੇ ਲਈ ਵਾੜ ਲਗਾਣ ਦੀ ਲੋੜ ਨਹੀਂ ਹੈ ।



(a) 'x' ਅਤੇ 'y' ਦੇ ਪਦਾਂ ਵਿਚ ਆਇਤਾਕਾਰ ਖੇਤ ਦਾ ਪਰਿਮਾਪ ਅਤੇ ਖੇਤਰਫਲ ਲਿਖੋ । *2*

(b) ਆਇਤਾਕਾਰ ਖੇਤ ਦੀਆਂ ਲੰਬਾਈ, ਚੋੜਾਈ ਕੀ ਹਨ ? *2*

Official CBSE question paper from cbse.gov.in | futuretopper.in
futuretopper.in is not linked to or endorsed by CBSE

ਪ੍ਰਕਰਣ ਅਧਿਐਨ 2

14. ਅਜਾਇਬ ਘਰ (ਮਿਊਜ਼ਿਅਮ) ਇਕ ਅਜੇਹਾ ਥਾਂ ਹੈ ਜਿਥੇ ਜਨਤਕ ਪ੍ਰਦਰਸ਼ਨ ਦੇ ਲਈ ਪੁਰਾਣੇ ਅਵਸ਼ੇਸ਼ ਰੱਖੇ ਜਾਂਦੇ ਹਨ । ਅਜਾਇਬ ਘਰ (ਮਿਊਜ਼ਿਅਮ) ਦਾ ਦੌਰਾ ਸਾਨੂੰ ਦੇਸ਼ ਦੇ ਇਤਿਹਾਸ, ਸਭਿਅਤਾ, ਸਭਿਆਚਾਰ, ਜੀਵਨ ਸ਼ੈਲੀ, ਵਾਸਤੂਕਲਾ ਅਤੇ ਕਲਾ ਦੇ ਬਾਰੇ ਜਾਣਕਾਰੀ ਪ੍ਰਦਾਨ ਕਰਦਾ ਹੈ ।



71 ਲੋਕਾਂ ਦੇ ਇਕ ਸਮੂਹ ਨੇ ਇਕ ਨਿਸ਼ਚਿਤ ਦਿਨ ਦਿੱਲੀ ਵਿਚ ਰਾਸ਼ਟਰੀ ਅਜਾਇਬ ਘਰ (ਮਿਊਜ਼ਿਅਮ) ਦਾ ਦੌਰਾ ਕੀਤਾ ।

ਹੇਠ ਲਿਖੀ ਸਾਰਣੀ ਉਨਾਂ ਦੇ ਉਮਰ ਦਰਸਾਂਦੀ ਹੈ :

ਉਮਰ (ਸਾਲਾਂ ਵਿਚ)	*ਲੋਕਾਂ ਦੀ ਗਿਣਤੀ*
10 ਤੋਂ ਘਟ	3
20 ਤੋਂ ਘਟ	10
30 ਤੋਂ ਘਟ	22
40 ਤੋਂ ਘਟ	40
50 ਤੋਂ ਘਟ	54
60 ਤੋਂ ਘਟ	71

(a) ਅਜਾਇਬ ਘਰ (ਮਿਊਜ਼ਿਅਮ) ਦਾ ਦੌਰਾ ਕਰਨ ਵਾਲੇ ਲੋਕਾਂ ਦੀ ਮਾਧਿਅਕ (median) ਉਮਰ ਪਤਾ ਕਰੋ । *2*

(b) ਅਜਾਇਬ ਘਰ (ਮਿਊਜ਼ਿਅਮ) ਦਾ ਦੌਰਾ ਕਰਨ ਵਾਲੇ ਲੋਕਾਂ ਦੀ ਮੱਧਮਾਨ (mean) ਉਮਰ ਪਤਾ ਕਰੋ । *2*

Official CBSE question paper from cbse.gov.in | futuretopper.in
futuretopper.in is not linked to or endorsed by CBSE